# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਜਗਤ ਪੰਜਾਬੀ ਸਭਾ ਕੈਨੇਡਾ ਵੱਲੋਂ ਪੁਰਾਤਨ ਕਬੱਡੀ ਖਿਡਾਰੀਆਂ ਦਾ ਹੋਵੇਗਾ ਵਿਸ਼ੇਸ਼ ਸਨਮਾਨ : ਅਜੈਬ ਸਿੰਘ ਚੱਠਾ

### 6 ਅਤੇ 7 ਫਰਵਰੀ 2027 ਨੂੰ ਜਲੰਧਰ ਵਿਖੇ ਲੱਗੇਗਾ ਕਬੱਡੀ ਖਿਡਾਰੀਆਂ ਦਾ ਮੇਲਾ : ਡਾ. ਅਮਰੀਕ ਸਿੰਘ

ਵਰਲਡ ਪੰਜਾਬੀ ਟਾਈਮਜ਼ ਹਰਦੇਵ ਚੌਹਾਨ

ਟੋਰਾਂਟੋ, ਕੈਨੇਡਾ 1 ਸਤੰਬਰ : ਜਗਤ ਪੰਜਾਬੀ ਸਭਾ ਕੈਨੇਡਾ ਵੱਲੋਂ 1950 ਤੋਂ 2000 ਤੱਕ ਕਬੱਡੀ ਖੇਡਣ ਵਾਲੇ ਖਿਡਾਰੀਆਂ, ਕੋਚਾਂ ਅਤੇ ਖੇਡ ਪ੍ਰਮੋਟਰਾਂ ਦੇ ਸਨਮਾਨ ਲਈ 6 ਅਤੇ 7 ਫਰਵਰੀ 2027 ਨੂੰ ਜਲੰਧਰ ਵਿਖੇ ਇਕ ਵਿਸ਼ਾਲ ਸਨਮਾਨ ਸਮਾਰੋਹ ਕਰਵਾਇਆ ਜਾ ਰਿਹਾ ਹੈ। ਅਜੈਬ ਸਿੰਘ ਚੱਠਾ ਚੇਅਰਮੈਨ, ਜਗਤ ਪੰਜਾਬੀ ਸਭਾ,ਕੈਨੇਡਾ ਨੇ ਦੱਸਿਆ ਕਿ ਇਸ ਇਤਿਹਾਸਕ ਸਮਾਗਮ ਵਿੱਚ 200 ਤੋਂ ਵੱਧ ਸਾਬਕਾ ਕਬੱਡੀ ਖਿਡਾਰੀਆਂ ਨੂੰ ਇਕ ਮੰਚ ’ਤੇ ਇਕੱਠਾ ਕਰਕੇ ਸਨਮਾਨਿਤ ਕੀਤਾ ਜਾਵੇਗਾ।




ਪੰਜਾਬ ਸਟਾਈਲ ਕਬੱਡੀ ਨੇ ਅਨੇਕਾਂ ਮਹਾਨ ਅਤੇ ਤਕੜੇ ਖਿਡਾਰੀ ਪੈਦਾ ਕੀਤੇ ਹਨ। ਇਨ੍ਹਾਂ ਵਿੱਚ ਅਜੀਤ ਸਿੰਘ ਮਾਲੜੀ, ਤੋਖੀ ਐਟਮ, ਗੁਰਦਿਆਲ ਸਿੰਘ ਢਿੱਲੋਂ, ਕਰਤਾਰ ਸਿੰਘ ਪੰਨੂ, ਪ੍ਰੀਤਾ, ਘੁੱਗਾ ਸੰਕਰੀਆ, ਕਿਰਪਾਲ ਸਾਧ, ਦੇਵ ਅੱਟਾ ਅਤੇ ਤੋਖੀ ਟਾਈਗਰ ਦੇ ਨਾਮ ਵਿਸ਼ੇਸ਼ ਤੌਰ ’ਤੇ ਜ਼ਿਕਰਯੋਗ ਹਨ। ਇਨ੍ਹਾਂ ਖਿਡਾਰੀਆਂ ਨੇ ਆਪਣੀ ਤਾਕਤ, ਫੁਰਤੀ ਅਤੇ ਸ਼ਾਨਦਾਰ ਖੇਡ ਨਾਲ ਕਬੱਡੀ ਨੂੰ ਦੇਸ਼-ਵਿਦੇਸ਼ ਵਿੱਚ ਪ੍ਰਸਿੱਧ ਕੀਤਾ।

ਆਪਣੇ ਸਮੇਂ ਦੇ ਪ੍ਰਸਿੱਧ ਖਿਡਾਰੀ ਬੰਸਾ ਢੰਡੋਵਾਲੀਆ, ਰਸਾਲਾ, ਤਾਰਾ, ਢਾਂਡੀ ਅਤੇ ਸੁਰਜੀਤ ਅੱਜ ਵੀ ਕਬੱਡੀ ਦੇ ਸੁਨਹਿਰੀ ਦੌਰ ਦੀਆਂ ਯਾਦਾਂ ਅਤੇ ਖੇਡ ਨਾਲ ਜੁੜੀਆਂ ਗੱਲਾਂ ਸਾਂਝੀਆਂ ਕਰਦੇ ਹਨ। ਉਨ੍ਹਾਂ ਦੇ ਤਜਰਬੇ ਕਬੱਡੀ ਦੇ ਇਤਿਹਾਸ ਦੀ ਅਨਮੋਲ ਵਿਰਾਸਤ ਹਨ।

ਕਬੱਡੀ ਨੂੰ ਉਤਸ਼ਾਹਿਤ ਕਰਨ ਅਤੇ ਖਿਡਾਰੀਆਂ ਨੂੰ ਅੱਗੇ ਵਧਾਉਣ ਵਿੱਚ ਪ੍ਰਮੋਟਰਾਂ ਦਾ ਵੀ ਮਹੱਤਵਪੂਰਨ ਯੋਗਦਾਨ ਰਿਹਾ ਹੈ। ਦਲੀਪ ਸਿੰਘ ਗਰੇਵਾਲ, ਮੁਖਤਿਆਰ ਸਿੰਘ, ਬਲਬੀਰ ਸਿੰਘ ਸੰਕਰੀਆ ਅਤੇ ਮੋਹਿੰਦਰ ਸਿੰਘ ਮੋੜ ਵਰਗੇ ਪ੍ਰਮੋਟਰਾਂ ਨੇ ਕਬੱਡੀ ਦੇ ਵਿਕਾਸ ਅਤੇ ਪ੍ਰਚਾਰ-ਪ੍ਰਸਾਰ ਲਈ ਵੱਡਮੁੱਲੀਆਂ ਸੇਵਾਵਾਂ ਨਿਭਾਈਆਂ।

ਕਬੱਡੀ ਖੇਡਣ ਅਤੇ ਖਿਡਾਉਣ ਵਾਲਿਆਂ ਦਾ ਮਾਣ-ਸਤਿਕਾਰ ਪਹਿਲਾਂ ਵੀ ਸੀ, ਅੱਜ ਵੀ ਹੈ ਅਤੇ ਭਵਿੱਖ ਵਿੱਚ ਵੀ ਹਮੇਸ਼ਾ ਕਾਇਮ ਰਹੇਗਾ। ਇਸੇ ਸੋਚ ਅਧੀਨ ਜਗਤ ਪੰਜਾਬੀ ਸਭਾ ਕੈਨੇਡਾ ਨੇ ਪੁਰਾਣੇ ਖਿਡਾਰੀਆਂ, ਕੋਚਾਂ ਅਤੇ ਪ੍ਰਮੋਟਰਾਂ ਦੀਆਂ ਪ੍ਰਾਪਤੀਆਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਹੈ।

ਇਸ ਮੌਕੇ “ਕਬੱਡੀ ਖਿਡਾਰੀ (1950–2000)” ਨਾਮੀ ਇਤਿਹਾਸਕ ਪੁਸਤਕ ਵੀ ਤਿਆਰ ਕੀਤੀ ਜਾਵੇਗੀ। ਇਸ ਪੁਸਤਕ ਵਿੱਚ ਖਿਡਾਰੀਆਂ, ਕੋਚਾਂ ਅਤੇ ਪ੍ਰਮੋਟਰਾਂ ਦੀਆਂ ਤਸਵੀਰਾਂ, ਜੀਵਨੀਆਂ, ਖੇਡ ਪ੍ਰਾਪਤੀਆਂ ਅਤੇ ਕਬੱਡੀ ਲਈ ਪਾਏ ਯੋਗਦਾਨ ਨੂੰ ਦਰਜ ਕੀਤਾ ਜਾਵੇਗਾ। ਸਮਾਗਮ ਦੌਰਾਨ ਕਈ ਪ੍ਰਸਿੱਧ ਖਿਡਾਰੀਆਂ, ਕੋਚਾਂ ਅਤੇ ਪ੍ਰਮੋਟਰਾਂ ਦੇ ਜੀਵਨ ਅਤੇ ਖੇਡ ਸਫ਼ਰ ਬਾਰੇ ਤਿਆਰ ਕੀਤੀਆਂ ਦਸਤਾਵੇਜ਼ੀ ਫ਼ਿਲਮਾਂ ਵੀ ਦਿਖਾਈਆਂ ਜਾਣਗੀਆਂ।

ਜਿਹੜੇ ਵਿਅਕਤੀਆਂ ਨੇ 1950 ਤੋਂ 2000 ਤੱਕ ਕਬੱਡੀ ਖੇਡੀ ਹੈ ਜਾਂ ਜਿਨ੍ਹਾਂ ਕੋਲ ਉਸ ਸਮੇਂ ਦੇ ਕਿਸੇ ਕਬੱਡੀ ਖਿਡਾਰੀ, ਕੋਚ ਜਾਂ ਪ੍ਰਮੋਟਰ ਬਾਰੇ ਜਾਣਕਾਰੀ, ਤਸਵੀਰਾਂ ਜਾਂ ਹੋਰ ਇਤਿਹਾਸਕ ਸਮੱਗਰੀ ਮੌਜੂਦ ਹੈ, ਉਹ ਡਾ. ਅਮਰੀਕ ਸਿੰਘ ( +91 94635 75768 ) ਨਾਲ ਸੰਪਰਕ ਕਰ ਸਕਦੇ ਹਨ। ਕਬੱਡੀ ਨਾਲ ਸਬੰਧਤ ਸ਼ਖ਼ਸੀਅਤਾਂ ਦੇ ਨਾਮ ਸਮਾਗਮ ਅਤੇ ਪ੍ਰਸਤਾਵਿਤ ਪੁਸਤਕ ਵਿੱਚ ਸ਼ਾਮਲ ਕੀਤੇ ਜਾ ਸਕਣਗੇ।

## ਗੌਰਮਿੰਟ (ਸਟੇਟ) ਕਾਲਜ ਆਫ਼ ਐਜੂਕੇਸ਼ਨ ਪਟਿਆਲਾ ਵਿਖੇ ਵਿਸ਼ੇਸ਼ ਵੋਟਰ ਰਜਿਸਟਰੇਸ਼ਨ ਕੈਂਪ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 1 ਸਤੰਬਰ : ਚੋਣ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਥਾਨਕ ਗੌਰਮਿੰਟ ਕਾਲਜ ਆਫ਼ ਐਜੂਕੇਸ਼ਨ ਵਿਖੇ ਪ੍ਰਿੰਸੀਪਲ ਪ੍ਰੋ. (ਡਾ.) ਵਨੀਤਾ ਰਾਣੀ ਦੀ ਅਗਵਾਈ ਹੇਠ ਕਾਲਜ ਵਿਖੇ ਵਿਸ਼ੇਸ਼ ਵੋਟਰ ਰਜਿਸਟਰੇਸ਼ਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸ਼੍ਰੀ. ਕੁੰਦਨ ਗੋਗੀਆ, ਮੇਅਰ, ਪਟਿਆਲਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਪ੍ਰਿੰਸੀਪਲ ਪ੍ਰੋ. (ਡਾ.) ਵਨੀਤਾ ਰਾਣੀ ਨੇ ਮੁੱਖ ਮਹਿਮਾਨ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਦੁਆਰਾ ਸ਼ਹਿਰ ਦੇ ਵਿਕਾਸ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਲਈ ਉਨ੍ਹਾਂ ਨੂੰ ਇੱਕ ਪ੍ਰੇਰਨਾ ਸ੍ਰੋਤ ਦੱਸਿਆ। ਮੇਅਰ



ਸ਼੍ਰੀ. ਕੁੰਦਨ ਗੋਗੀਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਜਵਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਦੇਸ਼ ਦੇ ਭਵਿੱਖ ਦਾ ਫੈਸਲਾ ਕਰਨ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਨੇ ਸਮੂਹ ਨੌਜਵਾਨਾਂ ਨੂੰ ਆਪਣੀ ਵੋਟ ਬਣਾਉਣ ਅਤੇ ਬਿਨਾਂ ਕਿਸੇ ਲਾਲਚ, ਡਰ ਜਾਂ ਭੇਦਭਾਵ ਤੋਂ ਬਿਨਾਂ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਨੋਡਲ ਅਫ਼ਸਰ ਸਵੀਪ ਪਟਿਆਲਾ (ਸ਼ਹਿਰੀ) ਸ਼੍ਰੀ. ਰੁਪਿੰਦਰ ਸਿੰਘ ਨੇ ਲੋਕਤੰਤਰ ਦੀ ਮਜ਼ਬੂਤੀ ਲਈ ਨੌਜਵਾਨਾਂ ਨੂੰ ਵੋਟ ਰਜਿਸਟ੍ਰੇਸ਼ਨ ਕਰਵਾਉਣ ਅਤੇ ਆਪਣੇ ਪਰਿਵਾਰ ਅਤੇ ਆਪਣੇ ਆਲੇ-ਦੁਆਲੇ ਦੇ ਨੌਜਵਾਨ ਵੋਟਰਾਂ ਦੀ ਵੋਟ ਬਣਾਉਣ ਸਬੰਧੀ ਪ੍ਰੋਤਸਾਹਿਤ ਕੀਤਾ। ਅਸਿ. ਪ੍ਰੋ. ਜਗਦੇਵ ਸਿੰਘ ਨੇ ਭਾਰਤੀ ਚੋਣ ਕਮਿਸ਼ਨ ਦੀ ਵੈਬਸਾਈਟ ਅਤੇ ਮੋਬਾਇਲ ਐਪਸ ਦੀ ਵਰਤੋਂ ਕਰਦੇ ਹੋਏ ਨੌਜਵਾਨ ਵੋਟਰਾਂ ਨੂੰ ਨਵੀਂ ਵੋਟ ਬਣਾਉਣ ਸਬੰਧੀ ਫਾਰਮ-6 ਭਰਨ ਦੀ ਮੁਕੰਮਲ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਕਾਲਜ ਦੇ ਫਾਈਨ ਆਰਟਸ ਵਿਭਾਗ ਦੇ ਅਸਿ.ਪ੍ਰੋ. ਨਵਨੀਤ ਕੌਰ ਜੈਜੀ ਦੇ ਵਿਦਿਆਰਥੀਆਂ ਦੁਆਰਾ ਵੋਟਰ ਜਾਗਰੂਕਤਾ ਸਬੰਧੀ ਬਣਾਏ ਗਏ ਪੋਸਟਰ ਦੀ ਪ੍ਰਦਰਸ਼ਨੀ ਲਗਾਈ ਗਈ। ਬੀ.ਐਡ. ਭਾਗ ਦੂਜਾ ਦੀਆਂ ਵਿਦਿਆਰਥਣਾਂ ਅਮਨਦੀਪ ਕੌਰ ਅਤੇ ਗੁਨਾਵਰੀ ਸਿਆਲ ਦੁਆਰਾ “ਵੋਟ ਦੇ ਅਧਿਕਾਰ” ਵਿਸ਼ੇ ਸਬੰਧੀ ਭਾਸ਼ਣ ਦਿੱਤਾ ਗਿਆ। ਸੰਗੀਤ ਵਿਭਾਗ ਦੇ ਅਸਿ. ਪ੍ਰੋ. ਡਾ. ਰੇਖਾ ਸ਼ਰਮਾ ਦੁਆਰਾ ਤਿਆਰ ਕਰਵਾਇਆ ਦੇਸ਼ ਭਗਤੀ ਦਾ ਗੀਤ ਵਿਦਿਆਰਥੀਆਂ ਦੁਆਰਾ ਪੇਸ਼ ਕੀਤਾ ਗਿਆ। ਮੰਚ ਸੰਚਾਲਨ ਅਸਿਸਟੈਂਟ ਪ੍ਰੋਫ਼ੈਸਰ ਡਾ. ਕੁਲਜੀਤ ਕੌਰ ਦੁਆਰਾ ਕੀਤਾ ਗਿਆ। ਇਸ ਵੋਟਰ ਰਜਿਸਟ੍ਰੇਸ਼ਨ ਕੈਂਪ ਵਿੱਚ ਕਾਲਜ ਦੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਦੁਆਰਾ ਭਾਗ ਲਿਆ ਗਿਆ।

ਫੋਟੋ ਕੈਪਸ਼ਨ: ਮੇਅਰ ਸ਼੍ਰੀ. ਕੁੰਦਨ ਗੋਗੀਆ ਅਤੇ ਪ੍ਰਿੰਸੀਪਲ ਪ੍ਰੋ. (ਡਾ.) ਵਨੀਤਾ ਰਾਣੀ ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕਰਦੇ ਹੋਏ।

## ਤਰਕਸ਼ੀਲਾਂ ਵਿਗਿਆਨਕ ਸੋਚ ਅਪਨਾਉਣ ਦਾ ਸੁਨੇਹਾ ਦਿੱਤਾ

ਵਰਲਡ ਪੰਜਾਬੀ ਟਾਈਮਜ਼ ਮਾਸਟਰ ਪਰਮਵੇਦ



ਸੰਗਰੂਰ 1 ਸਤੰਬਰ : ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ ਲੰਬੇ ਸਮੇਂ ਤੋਂ ਸਮਾਜ ਵਿੱਚ ਰਹਿ ਕੇ ਲੋਕਾਂ ਨੂੰ ਇੱਕ ਨਵੀਂ ਅਤੇ ਵਿਗਿਆਨਕ ਦਿਸ਼ਾ ਦੇਣ ਦਾ ਸ਼ਲਾਘਾਯੋਗ ਕੰਮ ਕਰ ਰਹੀ ਹੈ। ਸੂਬਾ ਜਥੇਬੰਦਕ ਮੁਖੀ ਮਾਸਟਰ ਰਜਿੰਦਰ ਭਦੌੜ ਅਤੇ ਤਰਕਸ਼ੀਲ ਮੈਗਜ਼ੀਨ ਦੇ ਸੰਪਾਦਕ ਰਾਜਪਾਲ ਸਿੰਘ, ਸਮੇਤ ਕਈ ਪ੍ਰਮੁੱਖ ਮੈਂਬਰ ਲਗਾਤਾਰ ਲੋਕਾਂ, ਖਾਸ ਕਰਕੇ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਵਿਗਿਆਨਕ ਸੋਚ ਨਾਲ ਜੋੜਨ ਵਿੱਚ ਲੱਗੇ ਹੋਏ ਹਨ। ਮਾਸਟਰ ਪਰਮਵੇਦ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਲੋਕਾਂ ਨੂੰ ਸਰੀਰਕ ਮਦਦ ਨਾਲੋਂ ਕਿਤੇ ਵੱਧ ਮਾਨਸਿਕ ਤੌਰ ਤੇ ਮਜ਼ਬੂਤ ਕਰਨਾ ਜ਼ਰੂਰੀ ਹੈ।ਕਿਸੇ ਨੂੰ ਮੁਫ਼ਤ ਦੀਆਂ ਚੀਜ਼ਾਂ ਦੇਣ ਜਾਂ ਅਹਿਸਾਨ ਕਰਨ ਨਾਲੋਂ ਬਿਹਤਰ ਹੈ ਕਿ ਉਸਨੂੰ ਸਹੀ ਅਤੇ ਗਲਤ ਦੀ ਸਮਝ ਦਿੱਤੀ ਜਾਵੇ ਅਤੇ ਵਿਗਿਆਨਕ ਸੋਚ ਨਾਲ ਜੋੜਿਆ ਜਾਵੇ, ਤਾਂ ਜੋ ਉਹ ਆਪਣੀ ਮਿਹਨਤ ਦੇ ਸਹਾਰੇ ਆਪਣੀ ਕਿਸਮਤ ਆਪ ਲਿਖ ਸਕੇ। ਸੁਸਾਇਟੀ ਦਾ ਮੁੱਖ ਮਕਸਦ ਲੋਕਾਂ ਦੇ ਮਨਾਂ ਵਿੱਚ ਫੈਲੇ ਹੋਏ ਵੱਖ-ਵੱਖ ਭਰਮਾਂ ਨੂੰ ਦੂਰ ਕਰਨਾ, ਅੰਧ-ਵਿਸ਼ਵਾਸ ਦੇ ਜਾਲ ਵਿੱਚੋਂ ਕੱਢਣਾ ਅਤੇ ਮਾਨਸਿਕ ਗੁਲਾਮੀ ਤੋਂ ਆਜ਼ਾਦੀ ਦਿਵਾਉਣਾ ਹੈ।

ਅਕਸਰ ਦੇਖਿਆ ਜਾਂਦਾ ਹੈ ਕਿ ਤਾਂਤਰਿਕਾਂ ਤੇ ਅਖੌਤੀ ਸਿਆਣਿਆਂ ਵੱਲੋਂ ਭੋਲੇ-ਭਾਲੇ ਅਤੇ ਅਨਪੜ੍ਹ ਲੋਕਾਂ ਨੂੰ ਭੂਤਾਂ-ਪ੍ਰੇਤਾਂ ਜਾਂ ਬੁਰੀਆਂ ਆਤਮਾਵਾਂ ਦਾ ਡਰ ਦਿਖਾ ਕੇ ਠੱਗਿਆ ਅਤੇ ਡਰਾਇਆ ਜਾਂਦਾ ਹੈ। ਤਰਕਸ਼ੀਲ ਸੁਸਾਇਟੀ ਅਜਿਹੇ ਸਾਰੇ ਭਰਮਾਂ ਦੀ ਪੋਲ ਖੋਲ੍ਹ ਕੇ ਲੋਕਾਂ ਨੂੰ ਮਾਨਸਿਕ ਅਤੇ ਸਮਾਜਿਕ ਤੌਰ ਤੇ ਸ਼ਕਤੀਸ਼ਾਲੀ ਬਣਾ ਰਹੀ ਹੈ।

ਇਸ ਮਕਸਦ ਨੂੰ ਪੂਰਾ ਕਰਨ ਲਈ ਸੁਸਾਇਟੀ ਵੱਲੋਂ ਹਰ ਸਾਲ ਕਰੀਬ 8 ਤੋਂ 10 ਵੱਡੇ ਸੈਮੀਨਾਰ ਲਗਾਏ ਜਾਂਦੇ ਹਨ, ਸਕੂਲਾਂ, ਕਾਲਜਾਂ,ਪਿੰਡ ਪਿੰਡ ਅਤੇ ਸ਼ਹਿਰ ਦੇ ਮਹੱਲਿਆ ਵਿੱਚ ਉਸਾਰੂ ਸਾਹਿਤ ਪਹੁਚਾਹੁੰਦੀ ਤਰਕਸ਼ੀਲ ਸਾਹਿਤ ਵੈਨ ਘੁੰਮਦੀ ਰਹਿੰਦੀ ਹੈ,ਆਏ ਸਾਲ ਚੇਤਨਾ ਪਰਖ਼ ਪ੍ਰੀਖਿਆ ਕਰਵਾਈ ਜਾਂਦੀ ਹੈ ਤੇ ਇਸ ਸਾਲ ਵਿਸ਼ਾਲ ਤਰਕਸ਼ੀਲ ਪੁਸਤਕ ਮੇਲਾ ਲਗਾਇਆ ਗਿਆ ਜਿਥੇ ਦਰਸ਼ਕਾਂ, ਸਰੋਤਿਆਂ ਨੇ ਅਗਾਂਹਵਧੂ ਪੁਸਤਕਾਂ ਖਰੀਦੀਆਂ ਉਥੇ ਵਿਗਿਆਨਕ ਚੇਤਨਾ ਦੇ ਪਾਠ ਵੀ ਸੁਣੇ।ਇਸ ਤਰ੍ਹਾਂ ਸੈਂਕੜੇ ਸਕੂਲਾਂ ਅਤੇ ਕਾਲਜਾਂ ਵਿੱਚ ਵਿਗਿਆਨਕ ਚੇਤਨਾ ਸੰਬੰਧੀ ਜਾਗਰੂਕਤਾ ਸੈਮੀਨਾਰ ਅਤੇ ਵੱਖ-ਵੱਖ ਮੁਕਾਬਲੇ ਕਰਵਾਏ ਜਾਂਦੇ ਹਨ, ਜਿਨ੍ਹਾਂ ਵਿੱਚ ਜੇਤੂ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ। ਇਨ੍ਹਾਂ ਪ੍ਰੋਗਰਾਮਾਂ ਅਤੇ ਗਤੀਵਿਧੀਆਂ ਤੇ ਭਾਰੀ ਖਰਚਾ ਆਉਂਦਾ ਹੈ, ਜਿਸ ਨੂੰ ਸੁਸਾਇਟੀ ਦੇ ਮੈਂਬਰ ਬਿਨਾਂ ਕਿਸੇ ਸਰਕਾਰੀ ਮਦਦ ਦੇ ਆਪਣੇ ਪੱਧਰ ਤੇ ਹੀ ਇਕੱਠਾ ਕਰਦੇ ਹਨ। ਉਨ੍ਹਾਂ ਲੋਕਾਂ ਨੂੰ ਅੰਧਵਿਸ਼ਵਾਸਾਂ,ਵਹਿਮਾਂ ਭਰਮਾਂ ਤੇ ਰੂੜੀਵਾਦੀ ਵਿਚਾਰਾਂ ਦੇ ਹਨੇਰੇ ਵਿਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੇ ਚਾਨਣ ਵਿੱਚ ਆਉਣ ਦਾ ਸੁਨੇਹਾ ਦਿੱਤਾ ਹੈ ।

## ਡੀ.ਸੀ.ਐੱਮ ਸਕੂਲ ਜ਼ਿਲ੍ਹਾ ਪੱਧਰੀ ਖੇਡਾਂ ਚੋਂ ਜਿਲੇ ਵਿੱਚੋਂ ਪਹਿਲੇ ਸਥਾਨ ਤੇ ਰਹਿ ਕੇ ਬਣਿਆ ਮੋਹਰੀ ਸਕੂਲ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 1 ਸਤੰਬਰ : ਸਿੱਖਿਆ ਦੇ ਖੇਤਰ ਵਿੱਚ ਮੋਹਰੀ ਭੂਮਿਕਾ ਨਿਭਾਅ ਰਹੀ ਸੰਸਥਾ ਡੀ.ਸੀ.ਐੱਮ ਇੰਟਰਨੈਸ਼ਨਲ ਸਕੂਲ ਕੋਟਕਪੂਰਾ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਏ ਜਾਂਦੇ ਹਰ ਸਾਲ ਦੀ ਖੇਡ ਮੁਕਾਬਲਿਆਂ ਵਿੱਚੋਂ ਪਹਿਲਾਂ ਜੋਨ ਪੱਧਰੀ ਖੇਡਾਂ ਵਿਚ ਵੱਡੀਆਂ ਪ੍ਰਾਪਤੀਆਂ ਕਰਕੇ ਵਾਹ-ਵਾਹ ਖੱਟੀ ਅਤੇ ਹੁਣ ਜ਼ਿਲ੍ਹਾ ਪੱਧਰੀ ਖੇਡਾਂ ਵਿੱਚੋਂ ਜਿਲੇ ਦੇ ਸਾਰੇ ਸਕੂਲਾਂ ਵਿੱਚੋਂ ਪਹਿਲੇ ਨੰਬਰ ਤੇ ਰਹਿਕੇ ਅਲੱਗ-ਅਲੱਗ ਈਵੈਂਟਸ ਵਿਚ ਭਾਗ ਲੈਕੇ 70 ਗੋਲਡ, ਸਿਲਵਰ, ਕਾਂਸੇ ਦੇ ਮੈਡਲ ਪ੍ਰਾਪਤ ਕਰਕੇ ਪੂਰੇ ਜ਼ਿਲ੍ਹੇ ਵਿੱਚੋਂ ਟਾਪ ਕੀਤਾ। ਇਸ ਸਮੇਂ ਬੇਹੱਦ ਖੁਸ਼ੀ ਪ੍ਰਾਪਤ ਕਰਦਿਆਂ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਸ਼੍ਰੀਮਤੀ ਮੀਨਾਕਸ਼ੀ ਸ਼ਰਮਾ ਵੱਲੋਂ ਵਿਦਿਆਰਥੀਆਂ ਅਤੇ ਕੋਚ ਸਹਿਬਾਨ ਭੁਪਿੰਦਰ ਸਿੰਘ, ਰੋਹਿਤ ਕੁਮਾਰ ਦਾ ਸਕੂਲ ਪਹੁੰਚਣ ਤੇ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਸ਼੍ਰੀਮਤੀ ਮੀਨਾਕਸ਼ੀ ਸ਼ਰਮਾ ਨੇ ਕਿਹਾ ਕਿ ਸਾਰੇ ਸਕੂਲਾਂ ਵਿਚ ਪਹਿਲੀਆਂ ਪੁਜੀਸ਼ਨਾਂ ਹਾਂਸਲ ਕਰਕੇ ਆਪਣਾ, ਸਕੂਲ ਅਤੇ ਮਾਪਿਆਂ ਦਾ ਮਾਣ ਵਧਾਇਆ ਹੈ। ਵੱਖ ਵੱਖ ਖੇਡਾਂ ਜਿਵੇਂ ਲੜਕੀਆਂ ਰੱਸਾਕਸ਼ੀ ਮੁਕਾਬਲੇ ਵਿੱਚੋਂ ਅੰਡਰ-14, 17 ਅਤੇ ਅੰਡਰ-19 ਵਿੱਚੋਂ ਪਹਿਲਾ ਸਥਾਨ, ਨੈੱਟਬਾਲ ਵਿੱਚੋ ਅੰਡਰ-19 ਪਹਿਲਾ ਸਥਾਨ। ਲਾਅਨ ਟੈਨਿਸ ਅੰਡਰ 17 ਅਤੇ 19 ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਲੜਕੀਆਂ ਅੰਡਰ-17 ਪਹਿਲਾ ਸਥਾਨ ਅਤੇ ਅੰਡਰ -19 ਨੇ ਸਾਫਟ ਟੈਨਿਸ ਵਿੱਚੋ ਤੀਜਾ ਸਥਾਨ ਹਾਂਸਲ ਕਰਕੇ ਜ਼ਿਲ੍ਹੇ ਵਿੱਚੋਂ ਵੱਡੀ ਜਿੱਤ ਹਾਸਲ ਕਰਕੇ ਮੈਡਲ ਜਿੱਤੇ। ਸਕੂਲ ਦੀ ਸਭ ਤੋਂ ਵੱਡੀ ਜਿੱਤ ਪੂਰੇ ਕੈਂਪਸ ਵਿੱਚ ਮਨਾਈ ਗਈ। ਇਸ ਸਮੇਂ ਪ੍ਰਿੰਸੀਪਲ ਨੇ ਵਿਦਿਆਰਥੀਆਂ ਤੇ ਉਹਨਾਂ ਦੇ ਮਾਤਾ -ਪਿਤਾ ਨੂੰ ਮੁਬਾਰਕਬਾਦ ਦਿੱਤੀ। ਸਾਰੇ ਜਿਲੇ ਵਿੱਚੋਂ ਵੱਡੀ ਜਿੱਤ ਹਾਂਸਲ ਕਰਕੇ ਆਏ ਵਿਦਿਆਰਥੀਆਂ ਨੂੰ ਆਸ਼ੀਰਵਾਦ ਦੇ ਕੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ ਅਤੇ ਅੱਗੇ ਪੰਜਾਬ ਪੱਧਰੀ ਖੇਡਾਂ ਵਿੱਚੋਂ ਸ਼ਾਨਦਾਰ ਪ੍ਰਾਪਤੀਆਂ ਕਰਕੇ ਆਉਣ ਲਈ ਪ੍ਰੇਰਿਤ ਕੀਤਾ।

## ਪੀ.ਏ.ਯੂ. ਦੇ ਕਮਿਊਨਟੀ ਸਾਇੰਸ ਕਾਲਜ ਵਿਚ ਔਰਤਾਂ ਦੀ ਸਮਾਨਤਾ ਲਈ ਵਿਸ਼ੇਸ਼ ਦਿਹਾੜਾ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ 1 ਸਤੰਬਰ : ਪੀ.ਏ.ਯੂ. ਦੇ ਕਮਿਊਨਟੀ ਸਾਇੰਸ ਕਾਲਜ ਦੇ ਮਾਨਵ ਵਿਕਾਸ ਅਤੇ ਪਰਵਿਾਰ ਅਧਿਐਨ ਵਿਭਾਗ ਵੱਲੋਂ ਔਰਤਾਂ ਦੀ ਸਮਾਨਤਾ ਦੇ ਵਿਸ਼ੇਸ਼ ਦਿਹਾੜੇ ਸੰਬੰਧੀ ਪੋਸਟਰ ਬਨਾਉਣ ਦਾ ਮੁਕਾਬਲਾ ਕਰਵਾਇਆ ਗਿਆ| ਪ੍ਰੋਗਰਾਮ ਨੂੰ ਮਨਾਉਣ ਦਾ ਮੰਤਵ ਔਰਤਾਂ ਵਿਚ ਲਿੰਗਕ ਬਰਾਬਰੀ ਦੀ ਭਾਵਨਾ ਨੂੰ ਮਜ਼ਬੂਤਰ ਕਰਕੇ ਸਮਾਜ ਦੀ ਉਸਾਰੀ ਵਿਚ ਉਹਨਾਂ ਦੇ ਮਹੱਤਵ ਨੂੰ ਦ੍ਰਿੜ ਕਰਾਉਣਾ ਸੀ| ਇਸ ਮੌਕੇ ਕਮਿਊਨਟੀ ਸਾਇੰਸ ਕਾਲਜ ਦੇ ਡੀਨ ਡਾ. ਕਿਰਨ ਬੈਂਸ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ| ਉਹਨਾਂ ਨਾਲ ਵਿਭਾਗ ਦੇ ਮੁਖੀ ਡਾ. ਸੀਮਾ ਸ਼ਰਮਾ ਅਤੇ ਭੋਜਨ ਅਤੇ ਪੋਸ਼ਣ ਵਿਭਾਗ ਦੇ ਮੁਖੀ ਡਾ. ਹਰਪ੍ਰੀਤ ਕੌਰ ਤੋਂ ਇਲਾਵਾ ਮਾਨਯੋਗ ਜੱਜ ਅਤੇ ਹੋਰ ਫੈਕਲਟੀ ਮੈਂਬਰਾਨ ਵੀ ਮੌਜੂਦ ਰਹੇ|




ਡਾ. ਕਿਰਨ ਬੈਂਸ ਨੇ ਸਮਾਜਿਕ ਬਣਤਰ ਵਿਚ ਔਰਤ ਦੀ ਭੂਮਿਕਾ ਬਾਰੇ ਗੱਲ ਕਰਦਿਆਂ ਸਿਹਤਮੰਤ ਸਮਾਜਾਂ ਵਿਚ ਬਰਾਬਰੀ ਦੀ ਧਾਰਨਾ ਬਾਰੇ ਵਿਚਾਰ ਪ੍ਰਗਟਾਏ| ਉਹਨਾਂ ਕਿਹਾ ਕਿ ਪਰਿਵਾਰ ਨੂੰ ਤੰਦਰੁਸਤ ਅਤੇ ਸੰਤੁਲਿਤ ਰੱਖਣ ਵਿੱਚ ਮਜ਼ਬੂਤ ਔਰਤ ਦਾ ਯੋਗਦਾਨ ਅਹਿਮ ਹੁੰਦਾ ਹੈ ਅਤੇ ਇਸ ਤੋਂ ਹੀ ਸਿਹਤਮੰਦ ਸਮਾਜ ਦੀ ਉਸਾਰੀ ਸੰਭਵ ਹੁੰਦੀ ਹੈ|

ਵਿਭਾਗ ਦੇ ਮੁਖੀ ਡਾ. ਸੀਮਾ ਸ਼ਰਮਾ ਨੇ ਮਹਿਮਾਨਾਂ ਦਾ ਸਵਾਗਤ ਕਰਨ ਦੇ ਨਾਲ-ਨਾਲ ਪ੍ਰੋਗਰਾਮ ਦੀ ਰੂਪਰੇਖਾ ਦੀ ਜਾਣਕਾਰੀ ਦਿੱਤੀ| ਇਸ ਸਮਾਗਮ ਦੇ ਆਯੋਜਕ ਡਾ. ਰਸ਼ਮੀ ਉਪਰੇਤੀ ਅਤੇ ਡਾ.ਪਰਵਿੰਦਰ ਕੌਰ ਸਨ| ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਮੁਕਾਬਲੇ ਵਿਚ ਭਾਗ ਲਿਆ|

## ਅਗਾਂਹਵਧੂ ਕਿਸਾਨ ਤੇ ਪੰਜਾਬੀ ਲੇਖਕ ਸ. ਮਹਿੰਦਰ ਸਿੰਘ ਦੁਸਾਂਝ ਦੇ ਸਦੀਵੀ ਵਿਛੋੜੇ 'ਤੇ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਦੁੱਖ ਦਾ ਪ੍ਰਗਟਾਵਾ

ਵਰਲਡ ਪੰਜਾਬੀ ਟਾਈਮਜ਼ ਸੁਸ਼ੀਲ ਦੁਸਾਂਝ



ਚੰਡੀਗੜ੍ਹ, 1 ਸਤੰਬਰ : ਅਗਾਂਹਵਧੂ ਕਿਸਾਨ, ਪੰਜਾਬੀ ਲੇਖਕ ਅਤੇ ਲਿਖਾਰੀ ਸਭਾ ਜਗਤਪੁਰ ਦੇ ਬਾਨੀ ਸ. ਮਹਿੰਦਰ ਸਿੰਘ ਦੁਸਾਂਝ ਦੇ ਸਦੀਵੀ ਵਿਛੋੜੇ 'ਤੇ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਡੂੰਘੇ ਦੁੱਖ ਅਤੇ ਗਹਿਰੀ ਸੰਵੇਦਨਾ ਦਾ ਪ੍ਰਗਟਾਵਾ ਕੀਤਾ ਹੈ। ਸਭਾ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਰਿਵਾਰ, ਸਨੇਹੀਆਂ ਅਤੇ ਸਾਹਿਤਕ ਸਾਥੀਆਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

ਇੱਥੋਂ ਜਾਰੀ ਬਿਆਨ ਵਿੱਚ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ ਸ. ਮਹਿੰਦਰ ਸਿੰਘ ਦੁਸਾਂਝ ਦਾ ਵਿਛੋੜਾ ਪੰਜਾਬੀ ਸਾਹਿਤ, ਕਿਸਾਨੀ ਅਤੇ ਪੇਂਡੂ ਸਮਾਜ ਲਈ ਇੱਕ ਵੱਡਾ ਘਾਟਾ ਹੈ। ਉਹ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਵੀ ਰਹੇ ਅਤੇ ਸਾਹਿਤਕ ਸਰਗਰਮੀਆਂ ਨੂੰ ਪਿੰਡਾਂ ਤੱਕ ਲਿਜਾਣ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ।

ਸ. ਦੁਸਾਂਝ ਨੇ 'ਦਿਸ਼ਾ', 'ਕਿਰਤ ਨਾਲ ਜੁੜੇ ਰਿਸ਼ਤੇ', 'ਰੌਸ਼ਨੀ ਦੀ ਭਾਲ' ਅਤੇ 'ਯਾਦਾਂ ਪਾਕਿਸਤਾਨ ਦੀਆਂ' ਵਰਗੀਆਂ ਰਚਨਾਵਾਂ ਰਾਹੀਂ ਪੰਜਾਬੀ ਸਾਹਿਤ ਨੂੰ ਆਪਣੀ ਸਿਰਜਣਾਤਮਕ ਦੇਣ ਦਿੱਤੀ। ਉਨ੍ਹਾਂ ਨੇ ਲਿਖਾਰੀ ਸਭਾ ਜਗਤਪੁਰ ਦੀ ਸਥਾਪਨਾ ਕਰਕੇ ਪੇਂਡੂ ਸਾਹਿਤਕ ਲਾਇਬ੍ਰੇਰੀਆਂ, ਸਾਹਿਤ ਸਭਾਵਾਂ ਅਤੇ ਪਾਠਕ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ।

ਕੇਂਦਰੀ ਸਭਾ ਆਗੂਆਂ ਨੇ ਕਿਹਾ ਕਿ ਖੇਤੀਬਾੜੀ ਵਿੱਚ ਨਵੀਆਂ ਪਿਰਤਾਂ ਪਾਉਣ, ਪੇਂਡੂ ਵਿਕਾਸ, ਵਾਤਾਵਰਨ ਅਤੇ ਸਮਾਜ ਸੇਵਾ ਨਾਲ ਜੁੜਿਆ ਉਨ੍ਹਾਂ ਦਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਬਣਿਆ ਰਹੇਗਾ। ਕੇਂਦਰੀ ਪੰਜਾਬੀ ਲੇਖਕ ਸਭਾ ਸ. ਮਹਿੰਦਰ ਸਿੰਘ ਦੁਸਾਂਝ ਦੀ ਯਾਦ ਨੂੰ ਸਤਿਕਾਰ ਸਹਿਤ ਨਮਨ ਕਰਦੀ ਹੈ।

## ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਰਾਸ਼ਟਰੀ ਖੇਡ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 1 ਸਤੰਬਰ : ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਨਿਰਦੇਸ਼ਕ ਵਿਦਿਆਰਥੀ ਭਲਾਈ ਵੱਲੋਂ ਮਹਾਨ ਭਾਰਤੀ ਹਾਕੀ ਖਿਡਾਰੀ ਅਤੇ "ਹਾਕੀ ਦੇ ਜਾਦੂਗਰ" ਮੇਜਰ ਧਿਆਨ ਚੰਦ ਜੀ ਦੀ ਜਨਮ ਜਯੰਤੀ ਨੂੰ ਸਮਰਪਿਤ ਰਾਸ਼ਟਰੀ ਖੇਡ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਖੇਡਾਂ, ਸਰੀਰਕ ਤੰਦਰੁਸਤੀ, ਅਨੁਸ਼ਾਸਨ ਅਤੇ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।

ਮਾਣਯੋਗ ਉਪ-ਕੁਲਪਤੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ, ਡਾ. ਰਿਸ਼ੀ ਪਾਲ ਸਿੰਘ, ਆਈ. ਏ. ਐੱਸ., ਜੀ ਨੇ ਭੇਜੇ ਆਪਣੇ ਸ਼ੁਭ ਸੰਦੇਸ਼ ਰਾਹੀਂ ਇਸ ਸਮਾਗਮ ਦੀ ਸ਼ਲਾਘਾ ਕਰਦੇ ਹੋਏ ਸਭ ਨੂੰ ਰਾਸ਼ਟਰੀ ਖੇਡ ਦਿਵਸ ਦੀ ਵਧਾਈ ਦਿੱਤੀ ਅਤੇ ਮੇਜਰ ਧਿਆਨ ਚੰਦ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਅਤੇ ਖੇਡ ਪ੍ਰਤੀ ਸਮਰਪਣ ਅੱਜ ਵੀ ਸਾਡੇ ਸਾਰਿਆਂ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਦੇਸ਼ ਪ੍ਰਤੀ ਨਿਸ਼ਠਾ ਨੇ ਭਾਰਤ ਨੂੰ ਵਿਸ਼ਵ ਖੇਡ ਮੰਚ 'ਤੇ ਵਿਲੱਖਣ ਪਛਾਣ ਦਿਵਾਈ।



ਸਮਾਗਮ ਵਿੱਚ ਸਾਬਕਾ ਅੰਤਰਰਾਸ਼ਟਰੀ ਹਾਕੀ ਖਿਡਾਰੀ ਸ਼੍ਰੀ. ਹਰਦੀਪ ਸਿੰਘ ਗਰੇਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਅਤੇ ਡਾ. ਵਿਸ਼ਵਜੀਤ ਸਿੰਘ ਹੰਸ, ਡੀਨ ਪੋਸਟ ਗ੍ਰੈਜੂਏਟ ਸਟੱਡੀਜ਼ ਵੀ ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੀ. ਹਰਦੀਪ ਸਿੰਘ ਗਰੇਵਾਲ ਨੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਖੇਡਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਤਮਗੇ ਜਿੱਤਣ ਜਾਂ ਮੁਕਾਬਲੇ ਜਿੱਤਣ ਦਾ ਸਾਧਨ ਨਹੀਂ ਹਨ, ਬਲਕਿ ਇਹ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਦੀ ਭਾਵਨਾ, ਨੇਤ੍ਰਿਤਵ, ਆਤਮ-ਵਿਸ਼ਵਾਸ, ਸਬਰ ਅਤੇ ਸਕਾਰਾਤਮਕ ਸੋਚ ਪੈਦਾ ਕਰਨ ਦਾ ਮਹੱਤਵਪੂਰਨ ਮਾਧਿਅਮ ਹਨ। ਸ਼੍ਰੀ ਹਰਦੀਪ ਸਿੰਘ ਗਰੇਵਾਲ ਨੇ ਆਪਣੀ ਖੇਡ ਜੀਵਨ ਦੇ ਤਜਰਬੇ ਵੀ ਸਾਂਝੇ ਕੀਤੇ।

ਡਾ. ਕਮਲਜੀਤ ਸਿੰਘ ਸੂਰੀ, ਨਿਰਦੇਸ਼ਕ ਵਿਦਿਆਰਥੀ ਭਲਾਈ ਨੇ ਮੇਜਰ ਧਿਆਨ ਚੰਦ ਨੂੰ ਆਪਣੇ ਸ਼ਬਦਾਂ ਵਿੱਚ ਯਾਦ ਕਰਦਿਆਂ ਕਿਹਾ ਕਿ ਉਹਨਾਂ ਦੀ ਦੇਸ਼ ਪ੍ਰਤੀ ਲਗਨ ਅਤੇ ਮਿਹਨਤ ਸਾਡੇ ਸਾਰਿਆਂ ਲਈ ਹਮੇਸ਼ਾ ਇੱਕ ਪ੍ਰੇਰਨਾ ਸਰੋਤ ਹੈ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਸੂਰੀ ਨੇ ਕਿਹਾ ਕਿ "ਤੰਦਰੁਸਤ ਸਰੀਰ ਵਿੱਚ ਹੀ ਤੰਦਰੁਸਤ ਮਨ ਦਾ ਵਾਸ ਹੁੰਦਾ ਹੈ" ਅਤੇ ਵਿਦਿਆਰਥੀਆਂ ਨੂੰ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਅਟੁੱਟ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਤਕਨਾਲੋਜੀ ਦੇ ਵਧਦੇ ਪ੍ਰਭਾਵ ਅਤੇ ਬਦਲ ਰਹੀ ਜੀਵਨ-ਸ਼ੈਲੀ ਦੇ ਮੱਦੇਨਜ਼ਰ ਸਰੀਰਕ ਸਰਗਰਮੀ ਅਤੇ ਫਿਟਨੈੱਸ ਦੀ ਮਹੱਤਤਾ ਹੋਰ ਵੀ ਵੱਧ ਗਈ ਹੈ। ਡਾ. ਸੂਰੀ ਨੇ ਯੂਨੀਵਰਸਿਟੀ ਕੈਂਪਸ ਨੂੰ ਇੱਕ "ਫਿੱਟ ਕੈਂਪਸ" ਬਣਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਹਰ ਵਿਦਿਆਰਥੀ ਨੂੰ ਘੱਟੋ-ਘੱਟ ਇੱਕ ਖੇਡ ਜਾਂ ਨਿਯਮਤ ਸਰੀਰਕ ਗਤੀਵਿਧੀ ਨਾਲ ਜ਼ਰੂਰ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਮਾੜੀਆਂ ਆਦਤਾਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਸਿਹਤਮੰਦ ਤੇ ਅਨੁਸ਼ਾਸਿਤ ਜੀਵਨ ਵੱਲ ਲਿਜਾਣ ਦਾ ਪ੍ਰਭਾਵਸ਼ਾਲੀ ਸਾਧਨ ਹਨ।

ਇਸ ਮੌਕੇ ਡਾ. ਵਿਸ਼ਵਜੀਤ ਸਿੰਘ ਹੰਸ, ਡੀਨ ਪੋਸਟ ਗ੍ਰੈਜੂਏਟ ਸਟੱਡੀਜ਼ ਨੇ ਵਿਦਿਆਰਥੀਆਂ ਨੂੰ ਖੇਡਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਹਾਕੀ ਓਲੰਪਿਕਸ ਵਿੱਚ PAU ਦੇ ਵਡਮੁੱਲੇ ਯੋਗਦਾਨ ਨੂੰ ਯਾਦ ਕਰਦਿਆਂ ਦੱਸਿਆ ਕਿ ਯੂਨੀਵਰਸਿਟੀ ਨੇ ਦੇਸ਼ ਨੂੰ 3 ਓਲੰਪਿਕ ਹਾਕੀ ਖਿਡਾਰੀ ਦਿੱਤੇ ਹਨ, ਜੋ ਸਾਡੇ ਸਾਰਿਆਂ ਲਈ ਬਹੁਤ ਮਾਣ ਵਾਲੀ ਗੱਲ ਹੈ।

ਇਸ ਮੌਕੇ ਸ਼੍ਰੀਮਤੀ ਕਮਲਜੀਤ ਕੌਰ, ਉਪ ਨਿਰਦੇਸ਼ਕ ਸਰੀਰਕ ਸਿੱਖਿਆ, ਡਾ. ਹਰਮੀਤ ਸਿੰਘ ਕਿੰਗਰਾ, ਪ੍ਰਧਾਨ (PAUTA), ਡਾ. ਧਰਮਿੰਦਰ ਸਿੰਘ, ਚੀਫ ਵਾਰਡਨ (ਲੜਕੇ), ਡਾ. ਗਗਨਦੀਪ ਕੌਰ ਚੀਫ ਵਾਰਡਨ (ਲੜਕੀਆਂ), ਡਾ. ਰੁਪਿੰਦਰ ਕੌਰ, ਸਹਿਯੋਗੀ ਨਿਰਦੇਸ਼ਕ (ਕਲਚਰ), ਡਾ. ਪਰਮਵੀਰ ਸਿੰਘ, ਸਹਾਇਕ ਨਿਰਦੇਸ਼ਕ ਸਰੀਰਕ ਸਿੱਖਿਆ, hor AiDAwpk swihbwn, ਅਤੇ ਅਜੈ ਕੁਮਾਰ, ਸਵੀਮਿੰਗ ਕੋਚ, ਸ਼੍ਰੀ ਗੁਰਤੇਗ ਸਿੰਘ, ਹਾਕੀ ਕੋਚ ਅਤੇ ਸ਼੍ਰੀ ਗੁਰਮੀਤ ਸਿੰਘ, ਅਥਲੈਟਿਕ ਕੋਚ ਹਾਜ਼ਰ ਸਨ।

ਮੰਚ ਸੰਚਾਲਕ ਦੀ ਭੂਮਿਕਾ ਡਾ. ਸੁਖਬੀਰ ਸਿੰਘ, ਸਹਾਇਕ ਨਿਰਦੇਸ਼ਕ ਸਰੀਰਕ ਸਿੱਖਿਆ ਵੱਲੋਂ ਨਿਭਾਈ ਗਈ ਅਤੇ ਸਮਾਗਮ ਦੇ ਅੰਤ ਵਿੱਚ ਉਨ੍ਹਾਂ ਨੇ ਸਭ ਦਾ ਧੰਨਵਾਦ ਕਰਦਿਆਂ ਵੋਟ ਆੱਫ ਥੈਂਕਸ ਪੇਸ਼ ਕੀਤਾ।

## ਪੰਜਾਬ ਫੇਰ ਸਹਿਮ ਦੇ ਪਰਛਾਵੇਂ ਹੇਠ

ਅਗਲੇ ਸਾਲ ਪੰਜਾਬ ਨੂੰ ਨਵੀਂ ਵਿਧਾਨ ਸਭਾ ਮਿਲੇਗੀ। ਵਿਧਾਨਕਾਰ ਬਣਨ ਦੇ ਚਾਹਵਾਨ ਜਿਵੇਂ ਸਹਿਜ ਦੀ ਧਰਤੀ ਬਾਬਾ ਬਕਾਲਾ ਸਾਹਿਬ ਵਿਖੇ ਝੱਗੋ ਝੱਗ, ਅੱਗੋ ਅੱਗ ਹੋਏ ਉਹ ਉਦਾਸ ਕਰਨ ਵਾਲਾ ਸੀ ਸਭ ਕੁਝ।
ਧੜਿਆਂ ਦੀ ਸਰਦਾਰੀ ਲਈ ਰਾਜ ਧਰਮ ਗੁਆਚ ਰਿਹਾ ਸੀ।
ਪੰਜਾਬ ਕਿੱਥੇ ਸੀ, ਕਿੱਥੇ ਹੈ, ਕਿੱਥੇ ਲੈ ਕੇ ਜਾਣਾ ਹੈ, ਇਹ ਚਿੰਤਾ ਤੇ ਚਿੰਤਨ ਦਾ ਵਿਸ਼ਾ ਨਹੀ ਸੀ।
ਲਾਰੇ ,ਨਾਅਰੇ ਤੇ ਗੈਸੀ ਗੁਬਾਰੇ ਹਵਾ ਵਿੱਚ ਛੱਡੇ ਜਾ ਰਹੇ ਸਨ, ਲੋਕ ਵਿਚਾਰੇ ਬਣੇ ਬੈਠੇ ਲਲਕਾਰੇ ਸੁਣ ਰਹੇ ਸਨ।
ਪੰਜਾਬ ਸਹਿਮ ਦੇ ਪਰਛਾਵੇਂ ਹੇਠ ਹੈ।
ਡਰ ਹੈ ਕਿ ਪਾਟੋਧਾੜ ਵਿੱਚ ਇਤਿਹਾਸ ਪਿੱਛੇ ਨੂੰ ਗੇੜਾ ਨਾ ਖਾ ਜਾਵੇ।
ਉਨ੍ਹਾਂ ਦਿਨਾਂ ਬਾਰੇ ਮੈਂ ਕੀ ਲਿਖਿਆ ਸੀ ਉਹ ਪੜ੍ਹੋ।



ਇਹ ਕੇਹੀ ਰੁੱਤ ਆਈ ਨੀ ਮਾਂ

ਇਹ ਕੇਹੀ ਰੁੱਤ ਆਈ ਨੀ ਮਾਂ।
ਇਹ ਕੇਹੀ ਰੁੱਤ ਆਈ।
ਰੁੱਖਾਂ ਦੇ ਪੱਤਰਾਂ ਦੀ ਥਾਵੇਂ,
ਪੁੱਤਰਾਂ ਪੁੱਤਝੜ ਲਾਈ ਨੀ ਮਾਂ।

ਧਰਤ ਪਿਆਸੀ ਸਹਿਕਣ ਬੂਟੇ।
ਮੌਤ ਕੁਲਹਿਣੀ ਪੀਂਘਾਂ ਝੂਟੇ।
ਕੁੜੀਆਂ ਚਿੜੀਆਂ ਸਾਉਣ ਮਹੀਨੇ,
ਕਿਉਂ ਨਹੀਂ ਪੀਂਘ ਚੜ੍ਹਾਈ ਨੀ ਮਾਂ।

ਮਨ ਹਿਰਨੋਟਾ ਰਹਿੰਦਾ ਡਰਦਾ।
ਜਿਹੜਾ ਸੀ ਕਦੇ ਚੁੰਗੀਆਂ ਭਰਦਾ।
ਜ਼ਿੰਦਗੀ-ਮੌਤ ਵਿਚਾਲੇ ਜੀਕਣ,
ਹੋਵੇ ਲੁਕਣ-ਮਚਾਈ ਨੀ ਮਾਂ।

ਘਰ ਨੂੰ ਬਾਹਰੋਂ ਲਾ ਕੇ ਜੰਦਰੇ।
ਖ਼ਲਕਤ ਸੁੱਤੀ ਸੌਂ ਗਈ ਅੰਦਰੇ।
ਕੰਧਾਂ 'ਚੋਂ ਹਟਕੋਰੇ ਡੁਸਕਣ,
ਫ਼ੈਲੀ ਹਾਲ ਦੁਹਾਈ ਨੀ ਮਾਂ।

ਅੱਧੀ ਰਾਤੀਂ ਬੂਹਾ ਖੜਕੇ।
ਕੰਬਦੀ ਜਾਨ ਕਲੇਜਾ ਧੜਕੇ।
ਜਾਪਣ ਸਾਡੀ ਜਾਨ ਦੇ ਵੈਰੀ,
ਦੋਵੇਂ, ਚੋਰ-ਸਿਪਾਹੀ ਨੀ ਮਾਂ।

ਵਰਲਡ ਪੰਜਾਬੀ ਟਾਈਮਜ਼ ਗੁਰਭਜਨ ਗਿੱਲ

## ਕਿਹੜੀ ਗੱਲੋਂ

ਆਪਣਾ ਖਿਆਲ ਰੱਖ ,
ਦਿਲ ਨੂੰ ਸੰਭਾਲ ਰੱਖ ।
ਟੁੱਟ ਨਾ ਜਾਵੇ ਕਿਤੇ ਸਧਰਾਂ ਦੀ ਲੜੀ ,
ਕਿਹੜੀ ਗੱਲੋਂ ਕਰੀ ਬੈਠਾ ਦੱਸਦੇ ਤੂੰ ਅੜੀ ।

ਝਾਕਦਾ ਨਾ ਹੁਣ ਸਾਡੇ ਵੱਲ ਨੂੰ ,
ਦਿਲ ਉੱਤੇ ਲੈ ਬੈਠਾ ਕਿਹੜੀ ਗੱਲ ਨੂੰ ,
ਮੁੜ ਕੇ ਨਾ ਆਉਣੀ ਫਿਰ,
ਜਿਹੜੀ ਅੱਜ ਲੰਘ ਗਈ ਘੜੀ।
ਕਿਹੜੀ ਗੱਲੋਂ ਕਰੀ.............

ਤੇਰਾ ਮੇਰਾ ਰਿਸ਼ਤਾ ਏ ਪਾਕ ਵੇ ,
ਤੇਰੇ ਬਿਨਾਂ ਹੋ ਨਾ ਜਾਈਏ ਖਾਕ ਵੇ ,
ਤੇਰੀ ਮੇਰੀ ਯਾਦ ਸੱਜਣਾ ,
ਦੇਖ ਓਸੇ ਰਾਹ ਤੇ ਆ ਖੜੀ ।
ਕਿਹੜੀ ਗੱਲੋਂ ਕਰੀ ................

ਬਣਕੇ ਤੂੰ ਮੇਰਾ ਦਰਦੀ ਦਰਦ ਪਛਾਣ,
ਗ਼ਮ ਤੇਰੇ ਵਿੱਚ ਮੁਕ ਚੱਲੀ ਦੇਖ ਤੂੰ ਜਾਣ ,
ਧੁਖਦੀ ਰਹਾਂ ਮੈ ਸਾਰਾ ਦਿਨ,
ਬਿਰਹੋ ਦੀ ਅੱਗ ਜਾਵਾਂ 'ਸ਼ਿਵ' ਸੜੀ ।
ਕਿਹੜੀ ਗੱਲੋਂ ਕਰੀ ................

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ ਦਰਦੀ ਫ਼ਰੀਦਕੋਟ

## ਐੱਸ.ਕੇ.ਸੀ. ਐਜੂਕੇਸ਼ਨਜ਼ ਅਤੇ ਰੋਟਰੀ ਕਲੱਬ ਚੈਂਪੀਅਨ ਵੱਲੋਂ ਵਿਸ਼ੇਸ਼ 'ਟੀਚਰਜ਼ ਐਕਸੀਲੈਂਸ ਸੈਲੀਬ੍ਰੇਸ਼ਨ' 6 ਸਤੰਬਰ ਨੂੰ : ਅਨਮੋਲ ਗੋਇਲ

### ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਵਜੋਂ ਕਰਨਗੇ ਸ਼ਿਰਕਤ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਫਰੀਦਕੋਟ/ਕੋਟਕਪੂਰਾ, 1 ਸਤੰਬਰ : ਅਧਿਆਪਕ ਸਮਾਜ ਅਤੇ ਆਉਣ ਵਾਲੀ ਪੀੜ੍ਹੀ ਦੇ ਅਸਲ ਮਾਰਗਦਰਸ਼ਕ ਹੁੰਦੇ ਹਨ। ਉਨ੍ਹਾਂ ਦੀ ਅਣਥੱਕ ਮਿਹਨਤ, ਸਮਰਪਣ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਵਿੱਚ ਪਾਏ ਅਮੁੱਲੇ ਯੋਗਦਾਨ ਨੂੰ ਸਨਮਾਨਿਤ ਕਰਨ ਲਈ ਐੱਸ.ਕੇ.ਸੀ. ਐਜੂਕੇਸ਼ਨਜ਼ ਪ੍ਰਾਈਵੇਟ ਲਿਮਿਟਡ (ਸੰਕਲਪ ਕੋਟਾ ਕਲਾਸਿਜ਼) ਅਤੇ ਰੋਟਰੀ ਕਲੱਬ ਫਰੀਦਕੋਟ ਚੈਂਪੀਅਨ ਦੇ ਸਾਂਝੇ ਉਪਰਾਲੇ ਨਾਲ ਅਧਿਆਪਕ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਸਨਮਾਨ ਸਮਾਰੋਹ 'ਟੀਚਰਜ਼ ਐਕਸੀਲੈਂਸ ਸੈਲੀਬ੍ਰੇਸ਼ਨ-2026' ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਕੇ.ਸੀ. ਐਜੂਕੇਸ਼ਨਜ਼ ਦੇ ਮੈਨੇਜਿੰਗ ਡਾਇਰੈਕਟਰ ਅਨਮੋਲ ਗੋਇਲ ਅਤੇ ਰਿਸ਼ਭ ਗੋਇਲ (ਗੋਇਲ ਬ੍ਰਦਰਜ਼) ਨੇ ਦੱਸਿਆ ਕਿ ਇਹ ਸਮਾਗਮ ਮਿਤੀ 06 ਸਤੰਬਰ (ਦਿਨ ਐਤਵਾਰ) ਨੂੰ ਸਵੇਰੇ 10:30 ਵਜੇ ਸ਼੍ਰੀ ਰਾਧੇ ਕ੍ਰਿਸ਼ਨ ਧਾਮ, ਫਰੀਦਕੋਟ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਮਾਣਯੋਗ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਜੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਸ ਤੋਂ ਇਲਾਵਾ ਸ਼੍ਰੀਮਤੀ ਅੰਜਨਾ ਕੌਸ਼ਲ (ਡੀ.ਈ.ਓ. ਫਰੀਦਕੋਟ) ਸਮੇਤ ਫਰੀਦਕੋਟ ਅਤੇ ਪੰਜਾਬ ਦੀਆਂ ਪ੍ਰਮੁੱਖ ਪ੍ਰਸ਼ਾਸਨਿਕ, ਸਿੱਖਿਆ ਅਤੇ ਸਮਾਜਿਕ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹਿਣਗੀਆਂ।

ਸਮਾਗਮ ਦੀਆਂ ਮੁੱਖ ਵਿਸ਼ੇਸ਼ਤਾਵਾਂ :-

ਸਨਮਾਨ ਤੇ ਪਛਾਣ :- ਸਿੱਖਿਆ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਦੀ ਹੌਸਲਾ ਅਫ਼ਜ਼ਾਈ ਲਈ ਵਿਸ਼ੇਸ਼ ਸਨਮਾਨ।

ਉਪਹਾਰ ਤੇ ਇਨਾਮ :- ਸਨਮਾਨਿਤ ਅਧਿਆਪਕਾਂ ਲਈ ਉਪਹਾਰ ਅਤੇ ਰੋਮਾਂਚਕ ਇਨਾਮ।

ਸਰਟੀਫਿਕੇਸ਼ਨ :- ਪ੍ਰਮੁੱਖ ਯੂਨੀਵਰਸਿਟੀਆਂ ਅਤੇ ਸਿੱਖਿਆ ਸੰਸਥਾਵਾਂ ਨਾਲ ਜੁੜੇ ਰਿਕਗਨੀਸ਼ਨ/ਸਰਟੀਫਿਕੇਸ਼ਨ ਦੇ ਮੌਕੇ।

ਗਿਆਨ ਦਾ ਅਦਾਨ-ਪ੍ਰਦਾਨ: ਸਿੱਖਿਆ ਅਤੇ ਅਧਿਆਪਨ ਨਾਲ ਸੰਬੰਧਿਤ ਪ੍ਰੇਰਣਾਦਾਇਕ ਵਿਚਾਰਾਂ ਦਾ ਸਾਂਝਾਪਨ।

ਰਜਿਸਟ੍ਰੇਸ਼ਨ ਦੀ ਜਾਣਕਾਰੀ :-

ਸਮਾਗਮ ਵਿੱਚ ਨਾਮਜ਼ਦਗੀ ਅਤੇ ਰਜਿਸਟ੍ਰੇਸ਼ਨ ਬਿਲਕੁਲ ਮੁਫ਼ਤ ਹੈ। ਕੋਈ ਵੀ ਯੋਗ ਅਧਿਆਪਕ ਇਸ ਸਮਾਗਮ ਲਈ ਆਪਣੀ ਨਾਮਜ਼ਦਗੀ ਦਰਜ ਕਰਵਾ ਸਕਦਾ ਹੈ। ਰਜਿਸਟ੍ਰੇਸ਼ਨ ਕਰਨ ਦੀ ਆਖ਼ਰੀ ਮਿਤੀ 31 ਅਗਸਤ 2026 ਹੈ। ਉਹਨਾਂ ਦੱਸਿਆ ਕਿ ਇਹ ਸਨਮਾਨ ਪਹਿਲੀਆਂ 500 ਨਾਮਜ਼ਦਗੀਆਂ ਕਰਵਾਉਣ ਵਾਲੇ ਅਧਿਆਪਕਾਂ ਨੂੰ ਹੀ ਦਿੱਤਾ ਜਾਵੇਗਾ। ਰਜਿਸਟ੍ਰੇਸ਼ਨ ਤੋਂ ਬਾਅਦ ਸੱਦੇ ਅਤੇ ਅਗਲੀ ਜਾਣਕਾਰੀ ਵਟਸਐਪ ਰਾਹੀਂ ਭੇਜੀ ਜਾਵੇਗੀ। ਮੈਨੇਜਿੰਗ ਡਾਇਰੈਕਟਰ ਗੋਇਲ ਬ੍ਰਦਰਜ਼ ਨੇ ਸਾਰੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਖ਼ਾਸ ਮੌਕੇ ਦਾ ਹਿੱਸਾ ਬਣ ਕੇ ਅਧਿਆਪਕ ਦਿਵਸ ਨੂੰ ਯਾਦਗਾਰੀ ਬਣਾਉਣ ਅਤੇ ਆਪਣੇ ਸੁਨਹਿਰੀ ਭਵਿੱਖ ਦੇ ਨਿਰਮਾਤਾਵਾਂ ਦਾ ਮਾਣ ਵਧਾਉਣ।